ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੋਵਿਡ 19

# ਖੁਸ਼ਹਾਲੀ ਦੇ ਰਾਖੇ ਕੋਵਿਡ 19 ਖਿਲਾਫ ਲੜਾਈ ਵਿਚ ਨਿਭਾ ਰਹੇ ਹਨ ਅਹਿਮ ਭੂਮਿਕਾ-ਟੀ.ਐਸ ਸ਼ੇਰਗਿੱਲ

## ਕਣਕ ਦੇ ਮੰਡੀਕਰਨ ਅਤੇ ਰਾਹਤ ਕਾਰਜਾਂ ਵਿਚ ਜ਼ਿਲਾ ਪ੍ਰਸ਼ਾਸਨ ਦਾ ਹੋਵੇਗਾ ਸਹਿਯੋਗ

ਬੱਠਿਡਾ, 10 ਅਪ੍ਰੈਲ

ਲੈ: ਜਨਰਲ ਟੀ ਐਸ ਸ਼ੇਰਗਿੱਲ ਪੀਵੀਐਸਐਮ, ਸੀਨੀਅਰ ਵਾਇਸ ਚੇਅਰਮੈਨ ਜੀਓਜੀ ਅਤੇ ਮੁੱਖ ਸਲਾਹਕਾਰ ਮੁੱਖ ਮੰਤਰੀ ਪੰਜਾਬ ਨੇ ਦੱਸਿਆ ਹੈ ਕਿ ਖੁਸ਼ਹਾਲੀ ਦੇ ਰਾਖੇ ਕੋਵਿਡ 19 ਖਿਲਾਫ ਜੰਗ ਵਿਚ ਅਹਿਮ ਭੂਮਿਕਾ ਨਿਭਾਅ ਰਹੇ ਹਨ। ਉਨਾਂ ਨੇ ਕਿਹਾ ਕਿ ਅਗਾਮੀ ਕਣਕ ਦੇ ਮੰਡੀਕਰਨ ਅਤੇ ਹੋਰ ਰਾਹਤ ਕਾਰਜ ਵਿਚ ਵੀ ਖੁਸਹਾਲੀ ਦੇ ਰਾਖਿਆਂ ਵੱਲੋਂ ਜ਼ਿਲਾ ਪ੍ਰਸ਼ਾਸਨ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕੀਤਾ ਜਾਵੇਗਾ। ਉਨਾਂ ਅੱਜ ਇੱਥੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ, ਐਸ.ਐਸ.ਪੀ. ਡਾ: ਨਾਨਕ ਸਿੰਘ ਅਤੇ ਬਠਿੰਡੇ ਸਮੇਤ ਚਾਰ ਜ਼ਿਲਿਆਂ ਦੇ ਜੀਓਜੀ ਮੁੱਖੀਆਂ ਨਾਲ ਬੈਠਕ ਕਰਨ ਤੋਂ ਬਾਅਦ ਇਹ ਜਾਣਕਾਰੀ ਦਿੱਤੀ।

ਇਸ ਮੌਕੇ ਲੈ. ਜਨਰਲ ਟੀ ਐਸ ਸ਼ੇਰਗਿੱਲ ਨੇ ਦੱਸਿਆ ਕਿ ਕਣਕ ਦੀ ਵਾਢੀ ਅਤੇ ਇਸਦੇ ਮੰਡੀਕਰਨ ਦੌਰਾਨ ਸਾਡੇ ਕਿਸਾਨ ਵੀਰਾਂ ਨੂੰ ਕੋਈ ਮੁਸਕਿਲ ਨਾ ਆਵੇ ਇਸ ਲਈ ਖੁਸ਼ਹਾਲੀ ਦੇ ਰਾਖੇ ਪਿੰਡਾਂ ਵਿਚ ਪੂਰੀ ਚੌਕਸੀ ਰੱਖਣਗੇ ਅਤੇ ਜੇਕਰ ਲੋਕਾਂ ਦੀ ਕੋਈ ਮੁਸਕਿਲ ਹੋਵੇਗੀ ਤਾਂ ਤੁਰੰਤ ਸਰਕਾਰ ਅਤੇ ਜ਼ਿਲਾ ਪ੍ਰਸ਼ਾਸਨ ਦੇ ਧਿਆਨ ਵਿਚ ਲਿਆਊਣਗੇ ਤਾਂ ਜੋ ਬਿਨਾਂ ਦੇਰੀ ਕਿਸਾਨਾਂ ਦੀਆਂ ਮੁਸਕਿਲਾਂ ਦਾ ਹੱਲ ਹੋ ਸਕੇ। ਉਨਾਂ ਨੇ ਕਿਹਾ ਕਿ ਕੋਵਿਡ 19 ਸਾਡੇ ਸਭ ਲਈ ਇਕ ਚੁਣੌਤੀ ਹੈ ਅਤੇ ਅਸੀਂ ਚੜਦੀਕਲਾ ਅਤੇ ਜਿੱਤ ਦਾ ਜਜ਼ਬਾ ਮਨ ਵਿਚ ਲੈਕੇ ਇਸ ਤੇ ਫਤਿਹ ਪਾਉਣੀ ਹੈ।

ਉਨਾਂ ਨੇ ਜੀਓਜੀ ਦੇ ਜ਼ਿਲਾ ਮੁੱਖੀਆਂ ਨੂੰ ਕਿਹਾ ਕਿ ਸਮੂਹ ਖੁਸ਼ਹਾਲੀ ਦੇ ਰਾਖੇ ਇਸ ਦੌਰਾਨ ਪਿੰਡਾਂ ਵਿਚ ਲੋਕਾਂ ਨੂੰ ਇਸ ਬਿਮਾਰੀ ਤੋਂ ਬਚਾਓ ਲਈ ਜਰੂਰੀ ਸਾਵਧਾਨੀਆਂ ਪ੍ਰਤੀ ਜਾਗਰੂਕ ਕਰਨ ਅਤੇ ਨਾਲ ਹੀ ਚੱਲ ਰਹੇ ਰਾਹਤ ਕਾਰਜਾਂ ਵਿਚ ਵੀ ਸਹਿਯੋਗ ਕੀਤਾ ਜਾਵੇ। ਉਨਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਜਨਤਕ ਵੰਡ ਪ੍ਰਣਾਲੀ ਰਾਹੀਂ ਕਣਕ ਦੀ ਵੰਡ, ਪੈਨਸ਼ਨਾਂ ਅਤੇ ਹੋਰ ਲੋਕ ਕਲਿਆਣਕਾਰੀ ਸਕੀਮਾਂ ਤਹਿਤ ਰਕਮਾਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿਚ ਪਾਈਆਂ ਗਈਆਂ ਹਨ। ਅਜਿਹੇ ਵਿਚ ਜੀਓਜੀ ਲਾਭਪਾਤਰੀਆਂ ਨੂੰ ਜਾਗਰੂਕ ਵੀ ਕਰਨ ਕਿ ਇਹ ਸੁਵਿਧਾਵਾਂ ਪ੍ਰਾਪਤ ਕਰਦੇ ਸਮੇਂ ਲੋਕ ਸਮਾਜਿਕ ਦੂਰੀ ਦੇ ਸਿਧਾਂਤ ਦਾ ਸਖ਼ਤੀ ਨਾਲ ਪਾਲਣ ਕਰਨ ਅਤੇ ਨਾਲ ਹੀ ਹਰੇਕ ਯੋਗ ਵਿਅਕਤੀ ਤੱਕ ਸਰਕਾਰੀ ਮਦਦ ਦੀ ਪਹੁੰਚ ਵੀ ਯਕੀਨੀ ਹੋਵੇ।

ਇਸ ਮੌਕੇ ਲੈ: ਜਨਰਲ ਟੀਐਸ ਸ਼ੇਰਗਿੱਲ ਨੇ ਹੋਰ ਦੱਸਿਆ ਕਿ ਜੀਓਜੀ ਦੇ ਕੰਮ ਨੂੰ ਹੋਰ ਪ੍ਰਭਾਵੀ ਕਰਨ ਲਈ ਆਨਲਾਈਨ ਪੋਰਟਲ ਨੂੰ ਹੋਰ ਸਮਰੱਥ ਕੀਤਾ ਗਿਆ ਹੈ ਜਿਸ ਨਾਲ ਪੰਜਾਬ ਦੇ ਦੂਰਦਰਾਜ ਦੇ ਪਿੰਡਾਂ ਤੋਂ ਸਾਡੇ ਖੁਸਹਾਲੀ ਦੇ ਰਾਖੇ ਤੁਰੰਤ ਆਪਣੀ ਰਿਪੋਟ ਸਿੱਧੇ ਉਨਾਂ ਨੂੰ ਅਤੇ ਮੁੱਖ ਮੰਤਰੀ ਪੰਜਾਬ ਦੇ ਦਫ਼ਤਰ ਨੂੰ ਭੇਜ ਸਕਦੇ ਹਨ। ਇਸ ਨਾਲ ਲੋਕ ਮਸਲਿਆਂ ਦੇ ਤੇਜੀ ਨਾਲ ਨਿਪਟਾਰਾ ਸੰਭਵ ਹੋ ਸਕੇਗਾ।

ਇਸ ਮੌਕੇ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਜ਼ਿਲੇ ਵਿਚ ਹਾਲੇ ਕੋਈ ਵੀ ਕੋਵਿਡ ਪ੍ਰਭਾਵਿਤ ਮਰੀਜ ਨਹੀਂ ਹੈ। ਐਸਐਸਪੀ ਡਾ: ਨਾਨਕ ਸਿੰਘ ਨੇ ਬਾਹਰਲੇ ਜ਼ਿਲੇ ਤੋਂ ਲੋਕਾਂ ਦੇ ਆਵਾਗਮਨ ਨੂੰ ਰੋਕਣ ਲਈ ਕੀਤੇ ਇੰਤਜਾਮਾਂ ਦੀ ਜਾਣਕਾਰੀ ਦਿੱਤੀ। ਬਠਿੰਡਾ ਦੇ ਜੀਓਜੀ ਹੈਡ ਕਰਨਲ ਗੁਰਜੀਤ ਸਿੰਘ ਸਿੱਧੂ ਨੇ ਜ਼ਿਲੇ ਵਿਚ

ਖੁਸ਼ਹਾਲੀ ਦੇ ਰਾਖਿਆਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਜਾਣਕਾਰੀ ਦਿੱਤੀ।

ਇਸ ਮੌਕੇ ਸ੍ਰੀ ਕਰਨਵੀਰ ਸਿੰਘ ਓਐਸਡੀ, ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਜੀਓਜੀ ਹੈਡ ਮੇਜਰ ਜੀਐਸ ਔਲਖ, ਫਾਜ਼ਿਲਕਾ ਦੇ ਮੁੱਖੀ ਕਰਨਲ ਅਜੀਤ ਸਿੰਘ, ਸਕਾਰਡਨ ਲੀਡਰ ਮਲੂਕ ਸਿੰਘ, ਗਿਆਨ ਸਿੰਘ ਤਹਿਸੀਲ ਮੁੱਖੀ ਤਲਵੰਡੀ ਸਾਬੋ, ਸ੍ਰੀ ਓਪੀ ਮਹਿਤਾ ਤਹਿਸੀਲ ਮੁਖੀ ਫੂਲ, ਸ: ਜੁਗਰਾਜ਼ ਸਿੰਘ ਤਹਿਸੀਲ ਮੁੱਖੀ ਮੌੜ ਵੀ ਹਾਜਰ ਸਨ।

o/o District Public Relations Officer, Bathinda

GoG plays key role in fight against Covid-19: T S Shergill

- will support the administration in wheat procurement and relief operations, Says Shergill

Bathinda, April 10

Lt: Gen. TS Shergill (PVSM), Senior Vice Chairman GOG and Chief Advisor to Chief Minister Punjab stated that the Guardians of Governance (GoG) are playing an important role in the war against Covid-19. He said that in wheat procurement and relief work, the GoGs would support to district administration in very dedicated manner. He was speaking here today after presiding over a meeting with Deputy Commissioner, Mr. B Sri Niwasan, SSP Dr. Nanak Singh and along with GoG heads of four districts of the region.

Lt. Gen. TS Shergill said that during the wheat harvest season and its procurement process, to ensure that our farmers would not face any problem, our GoGs would be vigilant in the villages and if there was any difficulty, they would immediately bring it to the notice of the government and district administration. "Covid-19 is a challenge for all of us and we have to conquer it with a sense of victory," he added.

He asked the GOG district chiefs to aware the people about covid protection like social distancing and other required etiquettes. He said that people should be made aware of the necessary precautions to prevent the disease. He said that wheat distribution is going on in the districts through the public distribution system, as well as government also releasing pensions and other welfare schemes benefits for our beneficiaries of the lower income group to provide aid at this time of crisis. So GoGs should come forward to aware the people, he added.

Lt. Gen. TS Shergill further said that online portal of GoG has been further empowered with new feature to strengthen the feedback channel through our ground fellows from all across the state, and now our GoGs from grass root level may directly send their report to him or to office of CM Punjab with just a single click. He said that this will make it possible for us to resolve issues faster.

Speaking on the occasion, Deputy Commissioner Mr B Sri Niwasan said that there is no covid affected patient in the district so for. SSP Dr. Nanak Singh informed about there are solid arrangements has been made to prevent the movement of people from outside districts. Col. Gurjit Singh Sidhu, GOG Head of Bathinda, informed about the work being done by the GoGs in the district.

On this occasion, Mr. Karnveer Singh OSD, Major GS Aulakh District Head Muktsar, Col. Ajit Singh, District Head Fazilka, Sqn Ldr Maluk Singh, Gian Singh Tehsil Head Talwandi Sabo, Mr. OP Mehta and Mr. Jugraj Singh were also present.

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਕਰਵਾਈ ਜਾ ਰਹੀ ਹੈ ਆਨਲਾਈਨ ਪੜ੍ਹਾਈ

6 ਵੀਂ ਤੋਂ 12 ਵੀਂ ਜਮਾਤ ਤੱਕ ਦਾ ਸਿਲੇਬਸ ਤੇ ਕਿਤਾਬਾਂ ਵੀ ਕੀਤੀਆਂ ਆਨਲਾਈਨ

ਮੁਫ਼ਤ ਕੀਤੇ ਜਾ ਰਹੇ ਹਨ ਆਨਲਾਈਨ ਦਾਖ਼ਲੇ

ਬਠਿੰਡਾ, 10 ਅਪ੍ਰੈਲ : ਮੁਲਕ ਅੰਦਰ ਕਰੋਨਾ ਵਾਇਰਸ ਮਹਾਂਮਾਰੀ ਨੂੰ ਫ਼ੈਲਣ ਤੋਂ ਰੋਕਣ ਦੇ ਲਈ ਜਿੱਥੇ ਸੂਬਾ ਸਰਕਾਰ ਅਤੇ ਪੰਜਾਬ ਦੇ ਲੋਕਾਂ ਵਲੋਂ ਇੱਕ ਜੁੱਟ ਹੋ ਕੇ ਇਸ ਬਿਮਾਰੀ ਦਾ ਟਾਕਰਾ ਕੀਤਾ ਜਾ ਰਿਹਾ ਹੈ ਉੱਥੇ ਹੀ ਸਿੱਖਿਆ ਵਿਭਾਗ ਵਲੋਂ ਵੀ ਸਮਾਜਿਕ ਦੂਰੀ ਨੂੰ ਬਰਕਰਾਰ ਰੱਖਦਿਆਂ ਵਿਦਿਆਰਥੀਆਂ ਦੀ ਪੜ੍ਹਾਈ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜ਼ਿਲ੍ਹਾ ਸਿੱਖਿਆ ਅਫ਼ਸਰ ਸ. ਹਰਦੀਪ ਸਿੰਘ ਤੱਗੜ ਨੇ ਦੱਸਿਆ ਕਿ ਵਿਦਿਆਰਥੀਆਂ ਦੀ ਪੜ੍ਹਾਈ ਦਾ ਖ਼ਾਸ ਖਿਆਲ ਰੱਖ਼ਦਿਆਂ ਅਧਿਆਪਕਾਂ ਵਲੋਂ ਜ਼ਿਲ੍ਹੇ ਦੇ 276 ਸਰਕਾਰੀ ਮਿਡਲ, ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ 'ਚ ਪੜ੍ਹ ਰਹੇ 34433 ਲੜਕੇ ਤੇ 34322 ਲੜਕੀਆਂ ਨੂੰ ਘਰ ਬੈਠਿਆਂ ਹੀ ਆਨਲਾਈਨ ਪੜ੍ਹਾਈ ਕਰਵਾਈ ਜਾ ਰਹੀ ਹੈ। ਸਰਕਾਰੀ ਸਕੂਲਾਂ ਵਿਚ ਨਵੇਂ ਦਾਖ਼ਲ ਹੋਣ ਵਾਲੇ ਵਿਦਿਆਰਥੀਆਂ ਦੇ ਦਾਖ਼ਲੇ ਵੀ ਬਿਨਾਂ ਫ਼ੀਸ ਲਏ ਆਨਲਾਈਨ ਹੀ ਕੀਤੇ ਜਾ ਰਹੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ 6 ਵੀਂ ਤੋਂ 12 ਵੀਂ ਜਮਾਤ ਤੱਕ ਦਾ ਸਿਲੇਬਸ ਤੇ ਸਾਰੇ ਵਿਸ਼ਿਆਂ ਦੀਆਂ ਕਿਤਾਬਾਂ ਵੀ ਆਨਲਾਈਨ ਕੀਤੀਆਂ ਗਈਆਂ ਹਨ, ਜਿਨ੍ਹਾਂ ਨੂੰ ਵਿਦਿਆਰਥੀ ਘਰ ਬੈਠੇ ਹੀ ਆਸਾਨੀ ਨਾਲ ਪੜ੍ਹ ਸਕਦੇ ਹਨ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਦੱਸਿਆ ਕਿ ਬਿਨਾਂ ਬੋਰਡ ਵਾਲੀਆਂ ਜਮਾਤਾਂ ਜਿਵੇਂ ਕਿ 7 ਵੀਂ, 9 ਵੀਂ ਅਤੇ 11 ਵੀਂ ਜਮਾਤ ਦੇ ਵਿਦਿਆਰਥੀਆਂ ਦੀ ਪੜ੍ਹਾਈ ਸਬੰਧਤ ਅਧਿਆਪਕਾਂ ਵਲੋਂ ਵਿਸ਼ੇ ਅਨੁਸਾਰ ਸ਼ੋਸ਼ਲ ਮੀਡੀਆ ਜਿਵੇਂ ਕਿ ਵਟਸਐਪ, ਵੀਡੀਓ ਕਾਲ ਅਤੇ ਟੈਲੀਫੋਨ ਗੱਲਬਾਤ ਰਾਹੀਂ ਕਰਵਾਈ ਜਾ ਰਹੀ ਹੈ। ਅਧਿਆਪਕਾਂ ਵਲੋਂ ਰੋਜ਼ਾਨਾਂ ਵਿਦਿਆਰਥੀਆਂ ਨੂੰ ਪ੍ਰਤੀ ਵਿਸ਼ੇ ਅਨੁਸਾਰ ਕੰਮ ਦਿੱਤਾ ਜਾਂਦਾ ਹੈ ਅਤੇ ਉਸੇ ਕੰਮ ਦਾ ਇੱਕ ਘੰਟੇ ਬਾਅਦ ਵਿਦਿਆਰਥੀਆਂ ਤੋਂ ਫੀਡਬੈਕ ਵੀ ਲਿਆ ਜਾਂਦਾ ਹੈ। ਵਿਦਿਆਰਥੀਆਂ ਵਲੋਂ ਅਧਿਆਪਕਾਂ ਨੂੰ ਪੂਰਨ ਸਹਿਯੋਗ ਦਿੰਦਿਆਂ ਸਵੈ ਇੱਛਾ ਨਾਲ ਪੜ੍ਹਾਈ ਨੂੰ ਤਰਜ਼ੀਹ ਦਿੱਤੀ ਜਾ ਰਹੀ ਹੈ।

ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ. ਇਕਬਾਲ ਸਿੰਘ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੋਰਡ ਵਾਲੀਆਂ ਜਮਾਤਾਂ ਜਿਵੇਂ ਕਿ 10 ਵੀਂ ਅਤੇ 12 ਵੀਂ ਦੇ ਰਹਿੰਦੇ ਪੇਪਰਾਂ ਦੀ ਵੀ ਤਿਆਰੀ ਸਬੰਧਤ ਅਧਿਆਪਕਾਂ ਵਲੋਂ ਆਨਲਾਈਨ (ਸ਼ੋਸ਼ਲ ਮੀਡੀਆ) ਦੇ ਜ਼ਰੀਏ ਕਰਵਾਈ ਜਾ ਰਹੀ ਹੈ। ਉਨ੍ਹਾਂ ਦਾ ਇਹ ਵੀ ਕਹਿਣਾ ਹੈ ਕਿ ਰਹਿੰਦੇ ਪੇਪਰਾਂ ਦੀ ਤਿਆਰੀ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਵਿਦਿਆਰਥੀਆਂ ਦੇ ਪੇਪਰ ਨਹੀਂ ਹੋਣਗੇ।

ਉਨ੍ਹਾਂ ਵਿਦਿਆਰਥੀਆਂ ਵਰਗ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮਹਾਂਮਾਰੀ ਤੋਂ ਬਚਾਅ ਲਈ ਸਮਾਜਿਕ ਦੂਰੀ ਨੂੰ ਬਰਕਰਾਰ ਰੱਖ਼ਦੇ ਹੋਏ ਆਪਣੇ ਘਰ ਵਿਚ ਹੀ ਰਹਿਣ ਅਤੇ ਆਪਣੀ ਪੜ੍ਹਾਈ ਨੂੰ ਨਿਰਵਿਘਨ ਜਾਰੀ ਰੱਖ਼ਣ। ਉਨ੍ਹਾਂ ਇਹ ਵੀ ਕਿਹਾ ਕਿ ਉਹ ਆਪਣੇ ਅਧਿਆਪਕਾਂ ਕੋਲੋਂ ਕਿਸੇ ਵੀ ਸਮੇਂ ਪੜ੍ਹਾਈ ਸਬੰਧੀ ਆਪਣੀਆਂ ਸੇਵਾਵਾਂ ਬਿਨਾਂ ਝਿਜਕ ਲੈ ਸਕਦੇ ਹਨ।

ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਇਹ ਵੀ ਦੱਸਿਆ ਕਿ ਸਰਕਾਰੀ ਸਕੂਲਾਂ 'ਚ ਵਿਦਿਆਰਥੀਆਂ ਦੇ ਆਨਲਾਈਨ ਦਾਖ਼ਲੇ ਸ਼ੁਰੂ ਹੋ ਚੁੱਕੇ ਹਨ ਜਿਹੜੇ ਵਿਦਿਆਰਥੀ ਪਹਿਲਾਂ ਹੀ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਹਨ ਉਨ੍ਹਾਂ ਦਾ ਅਗਲੀਆਂ ਜਮਾਤਾਂ ਵਿਚ ਦਾਖ਼ਲਾ ਕਰ ਦਿੱਤਾ ਗਿਆ ਹੈ ਅਤੇ ਜੋ ਮਾਪੇ ਕਿਸੇ ਹੋਰ ਸਕੂਲ 'ਚ ਪੜ੍ਹਦੇ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ 'ਚ ਦਾਖ਼ਲਾ ਦਿਵਾਉਣਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਘਰ ਬੈਠੇ ਹੀ ਪਿੰਡ ਦੇ ਸਰਕਾਰੀ ਸਕੂਲ ਦੇ ਮੁਖੀ ਜਾਂ ਕਿਸੇ ਹੋਰ ਅਧਿਆਪਕ

ਦੇ ਮੋਬਾਇਲ ਨੰਬਰ ’ਤੇ ਸੁਨੇਹਾ ਭੇਜ ਕੇ ਜਾਂ ਫ਼ੋਨ ਤੇ ਗਲਬਾਤ ਕਰਕੇ ਦਾਖ਼ਲਾ ਕਰਵਾ ਸਕਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਨਵੇਂ ਦਾਖ਼ਲੇ ਬਿਨਾਂ ਕਿਸੇ ਫ਼ੀਸ ’ਤੇ ਦਸਤਾਵੇਜ਼ ਲਿਆ ਕੀਤੇ ਜਾ ਰਹੇ ਹਨ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੋਵਿਡ 19

ਬਠਿੰਡਾ ਜ਼ਿਲੇ ਵਿਚ ਕਰੋਨਾ ਵਾਇਰਸ ਦਾ ਦਾਖਲਾ ਰੋਕਣ ਲਈ ਦਿਨ ਰਾਤ ਸੰਘਰਸ਼ ਕਰ ਰਹੇ ਹਨ ਯੋਧੇ

ਅੰਤਰ ਜ਼ਿਲਾ ਅਤੇ ਅੰਤਰ ਰਾਜੀ ਨਾਕਿਆਂ ਤੇ ਹੋ ਰਹੀ ਹੈ ਸਕਰੀਨਿੰਗ

ਬਠਿੰਡਾ, 10 ਅਪ੍ਰੈਲ : ਜ਼ਿਲਾ ਬਠਿੰਡਾ ਹਾਲੇ ਤੱਕ ਕਰੋਨਾ ਦੀ ਮਾਰ ਤੋਂ ਬਚਿਆ ਹੋਇਆ ਹੈ ਅਤੇ ਜ਼ਿਲੇ ਦੁਆਲੇ ਸੁਰੱਖਿਆ ਕਵੱਚ ਬਣਾਈ ਰੱਖਣ ਲਈ ਜ਼ਿਲਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਲਗਾਤਾਰ ਉਪਰਾਲੇ ਕਰ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਇਸ ਲਈ ਹੁਣ ਜ਼ਿਲੇ ਨੂੰ ਆਉਂਦੇ ਪ੍ਰਮੁੱਖ ਮਾਰਗਾਂ ਦੇ ਜ਼ਿਲੇ ਤੋਂ ਬਾਹਰ ਤੋਂ ਆਉਣ ਵਾਲਿਆਂ ਦੀ ਸਕਰੀਨਿੰਗ ਸ਼ੁਰੂ ਕੀਤੀ ਗਈ ਹੈ। ਇਸ ਲਈ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਦੇ ਯਤਨਾਂ ਨਾਲ ਜ਼ਿਲੇ ਨੂੰ ਵਿਸੇਸ਼ ਤੌਰ ਤੇ ਥਰਮਲ ਸਕੈਨਰ ਪ੍ਰਾਪਤ ਹੋਏ ਸਨ। ਉਨਾਂ ਨੇ ਦੱਸਿਆ ਕਿ ਅੰਤਰ ਜ਼ਿਲਾ ਅਤੇ ਅੰਤਰ ਰਾਜੀ ਨਾਕਿਆਂ ਤੇ ਇਨਾਂ ਥਰਮਲ ਸਕੈਨਰਾਂ ਨਾਲ ਲੈਸ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਤਾਇਨਾਤ ਕੀਤਾ ਗਿਆ ਹੈ। ਇਹ ਟੀਮਾਂ ਬਾਹਰੋ ਜ਼ਿਲੇ ਵਿਚ ਦਾਖਲ ਹੋਣ ਵਾਲੇ ਹਰੇਕ ਵਿਅਕਤੀ ਦੀ ਸਿਹਤ ਜਾਂਚ ਕਰਦੀ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਵੀ ਬਿਮਾਰ ਵਿਅਕਤੀ ਜ਼ਿਲੇ ਵਿਚ ਦਾਖਲ ਨਾ ਹੋ ਸਕੇ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਬਠਿੰਡਾ ਜ਼ਿਲੇ ਦੇ ਨਾਲ ਲੱਗਦੇ ਪੰਜਾਬ ਦੇ ਸਾਰੇ ਜ਼ਿਲਿਆਂ ਜਿਵੇਂ ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਬਰਨਾਲਾ ਅਤੇ ਮਾਨਸਾ ਵਿਚ ਕਰੋਨਾ ਤੋਂ ਪ੍ਰਭਾਵਿਤ ਮਰੀਜ ਸਾਹਮਣੇ ਆ ਚੁੱਕੇ ਹਨ। ਇਸੇ ਤਰਾਂ ਹਰਿਆਣਾ ਦਾ ਜ਼ਿਲਾ ਸਿਰਸਾ ਦੀ ਹੱਦ ਵੀ ਬਠਿੰਡੇ ਨਾਲ ਲੱਗਦੀ ਹੈ ਜਿੱਥੇ ਵੀ ਕਰੋਨਾ ਤੋਂ ਪ੍ਰਭਾਵਿਤ ਲੋਕਾਂ ਦੀ ਪੁਸ਼ਟੀ ਹੋਈ ਹੈ। ਇਸ ਲਈ ਜ਼ਿਲੇ ਨੂੰ ਸੁਰੱਖਿਅਤ ਬਣਾਈ ਰੱਖਣਾ ਹੁਣ ਵੱਡੀ ਚੁਣੌਤੀ ਹੈ। ਇਸ ਲਈ ਇਹ ਵਿਉਂਤਬੰਦੀ ਕੀਤੀ ਗਈ ਹੈ ਕਿ ਜ਼ਿਲੇ ਵਿਚ ਆਉਣ ਵਾਲੇ ਲੋਕਾਂ ਦਾ ਬਰੀਕੀ ਨਾਲ ਸਿਹਤ ਮੁਆਇਨਾ ਕੀਤਾ ਜਾਵੇ।

ਐਸ.ਐਸ.ਪੀ. ਡਾ: ਨਾਨਕ ਸਿੰਘ ਨੇ ਕਿਹਾ ਕਿ ਇੰਨਾਂ ਸਿਹਤ ਨਾਕਿਆਂ ਤੇ ਪੁਲਿਸ ਦੀ ਟੀਮਾਂ ਵੀ ਤਾਇਨਾਤ ਰਹਿੰਦੀਆਂ ਹਨ ਤਾਂ ਜੋ ਲੋਕਾਂ ਦੀ ਆਵਾਜਾਈ ਤੇ ਨਿਯੰਤਰਣ ਰਹੇ ਅਤੇ ਕੇਵਲ ਜਰੂਰੀ ਵਸਤਾਂ ਦੀ ਸਪਲਾਈ ਨਾਲ ਜੁੜੇ ਜਾਂ ਪਾਸ ਧਾਰਕ ਲੋਕ ਹੀ ਜ਼ਿਲੇ ਵਿਚ ਦਾਖਲ ਹੋ ਸਕਨ। ਉਨਾਂ ਨੇ ਕਿਹਾ ਕਿ 24 ਘੰਟੇ ਸਾਡੀਆਂ ਟੀਮਾਂ ਜ਼ਿਲੇ ਵਿਚ ਦਾਖਲ ਹੋਣ ਵਾਲੇ ਨਾਕਿਆਂ ਤੇ ਚੌਕਸੀ ਰੱਖ ਰਹੇ ਹਨ।

ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਕਿਹਾ ਕਿ ਡੱਬਵਾਲੀ ਰੋਡ, ਬਰਨਾਲਾ ਰੋਡ, ਮਾਨਸਾ ਰੋਡ, ਸ੍ਰੀ ਮੁਕਤਸਰ ਸਾਹਿਬ ਰੋਡ ਆਦਿ ਸਭ ਸੜਕਾਂ ਦੇ ਸਿਹਤ ਵਿਭਾਗ ਦਾ ਅਮਲਾ ਆਪਣੀਆਂ ਸੇਵਾਵਾਂ ਨਿਭਾਅ ਰਿਹਾ ਹੈ ਤਾਂ ਜੋ ਕਰੋਨਾ ਦਾ ਜ਼ਿਲੇ ਵਿਚ ਦਾਖਲਾ ਰੋਕਿਆ ਜਾ ਸਕੇ। ਉਨਾਂ ਨੇ ਕਿਹਾ ਕਿ ਸਿਹਤ ਵਿਗਿਆਨ ਅਨੁਸਾਰ ਇਹ ਤਰੀਕਾ ਕਾਰਗਰ ਸਿੱਧ ਹੋਵੇਗਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ ਕੋਵਿਡ-19 ਘਰ ਵਿਚ ਰਹਿ ਕੇ ਹੀ ਮਨਾਇਆ ਜਾਵੇ ਵਿਸਾਖ਼ੀ ਦਾ ਪਵਿੱਤਰ ਦਿਹਾੜਾ : ਡੀ.ਸੀ ਸਰਕਾਰ ਵਲੋਂ ਦਿੱਤੀਆਂ ਹਦਾਇਤਾਂ ਦੀ ਕੀਤੀ ਜਾਵੇ ਪਾਲਣਾ ਬਠਿੰਡਾ 10 ਅਪ੍ਰੈਲ ( ) : ਡਿਪਟੀ ਕਮਿਸ਼ਨਰ ਸ਼੍ਰੀ ਬੀ.ਸ਼੍ਰੀਨਿਵਾਸਨ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਵਿਸਾਖੀ ਦੇ ਪਵਿੱਤਰ ਦਿਹਾੜੇ ਨੂੰ ਘਰ ਵਿਚ ਹੀ ਰਹਿ ਕੇ ਮਨਾਇਆ ਜਾਵੇ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਕੌਮਾਂਤਰੀ ਪੱਧਰ ’ਤੇ ਆਪਣੇ ਪੈਰ ਪਸਾਰ ਚੁੱਕੀ ਕਰੋਨਾ ਵਾਇਰਸ ਦੀ ਬਿਮਾਰੀ ਨੂੰ ਨੱਥ ਪਾਉਣ ਲਈ ਆਪਸੀ ਦੂਰੀ ਨੂੰ ਬਰਕਰਾਰ ਰੱਖਣ ਦੇ ਮੱਦੇਨਜ਼ਰ ਕੀਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ 14 ਅਪ੍ਰੈਲ 2020 ਨੂੰ ਤਖ਼ਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਕਿਸੇ ਤਰ੍ਹਾਂ ਦਾ ਕੋਈ ਸਰਕਾਰੀ ਸਮਾਗਮ ਨਹੀਂ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਸੂਬਾ ਸਰਕਾਰ ਵਲੋਂ ਕੋਵਿਡ-19 ਦੇ ਮੱਦੇਨਜ਼ਰ ਕਿਸੇ ਤਰ੍ਹਾਂ ਦਾ ਇਕੱਠ ਨਾ ਕਰਨ ’ਤੇ ਲਗਾਈ ਗਈ ਰੋਕ ਨੂੰ ਮੁੱਖ ਰੱਖਦਿਆ ਲਿਆ ਹੈ। ਸ਼੍ਰੀ ਬੀ.ਸ਼੍ਰੀਨਿਵਾਸਨ ਨੇ ਸਾਰੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਉਹ ਇਸ ਤਿਉਹਾਰ ਆਪੋ-ਆਪਣੇ ਘਰਾਂ ਵਿਚ ਰਹਿ ਕੇ ਹੀ ਸ਼ਰਧਾ ਭਾਵਨਾ ਨਾਲ ਮਨਾਉਣ। ਉਨ੍ਹਾਂ ਇਹ ਵੀ ਕਿਹਾ ਕਿ ਮੌਜੂਦਾ ਸਮੇਂ ਸਰਕਾਰ ਵਲੋਂ ਜੋ ਵੀ ਹਦਾਇਤਾਂ ਦਿੱਤੀਆਂ ਜਾ ਰਹੀਆਂ ਹਨ ਉਹ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖ ਕੇ ਹੀ ਦਿੱਤੀਆਂ ਗਈਆਂ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਮਹਾਂਮਾਰੀ ਖਿਲਾਫ਼ ਵਿੱਢੀ ਗਈ ਜੰਗ ਨੂੰ ਜਿੱਤਣ ਵਿਚ ਆਪਣਾ ਸਹਿਯੋਗ ਦੇਣ।

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੋਵਿਡ 19

# ਬਠਿੰਡਾ ਜ਼ਿਲੇ ਦੇ 2 ਹੋਰ ਨਮੂਨਿਆਂ ਦੀ ਰਿਪੋਟ ਆਈ ਨੈਗੇਟਿਗ- ਡੀਸੀ

ਬਠਿੰਡਾ, 10 ਅਪ੍ਰੈਲ

ਬਠਿੰਡਾ ਜ਼ਿਲੇ ਦੇ ਦੋ ਹੋਰ ਨਮੂਨਿਆਂ ਦੀ ਜਾਂਚ ਰਿਪੋਟ ਸ਼ੁੱਕਰਵਾਰ ਸ਼ਾਮ ਨੂੰ ਨੈਗੇਟਿਗ ਪ੍ਰਾਪਤ ਹੋਈ ਹੈ। ਇਸ ਨਾਲ ਹੁਣ ਤੱਕ ਜ਼ਿਲੇ ਦੀਆਂ ਕੁੱਲ 100 ਨੈਗੇਟਿਗ ਰਿਪੋਟਾਂ ਪ੍ਰਾਪਤ ਹੋ ਚੁੱਕੀਆਂ ਹਨ। ਇਹ ਜਾਣਕਾਰੀ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ. ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨਾਂ ਨੇ ਦੱਸਿਆ ਕਿ ਬੀਤੀ ਸ਼ਾਮ ਤੱਕ 101 ਸੈਂਪਲ ਜਾਂਚ ਲਈ ਭੇਜੇ ਗਏ ਸਨ ਜਿੰਨਾਂ ਵਿਚੋਂ 100 ਦੀ ਰਿਪੋਟ ਆ ਗਈ ਹੈ। ਬੀਤੇ ਕੱਲ ਦੇ ਤਿੰਨ ਵਿਚੋਂ ਦੋ ਦੀ ਰਿਪੋਟ ਅੱਜ ਪ੍ਰਾਪਤ ਹੋਈ ਹੈ। ਜਦ ਕਿ ਇਕ ਹੋਰ ਨਮੂਨਾ ਅੱਜ ਹੋਰ ਜਾਂਚ ਲਈ ਲੈ ਕੇ ਭੇਜਿਆ ਗਿਆ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਰਫਿਊ ਦਾ ਸਖ਼ਤੀ ਨਾਲ ਪਾਲਣ ਕਰਨ ਤਾਂ ਜੋ ਕਰੋਨਾ ਵਾਇਰਸ ਦਾ ਪਸਾਰ ਰੋਕਿਆ ਜਾ ਸਕੇ। ਉਨਾਂ ਨੇ ਕਿਹਾ ਕਿ ਸਾਡੇ ਸਭ ਦੇ ਯਤਨਾਂ ਨਾਲ ਹੀ ਇਸ ਬਿਮਾਰੀ ਨੂੰ ਫੈਲਣ ਤੋਂ ਰੋਕਿਆ ਜਾ ਸਕੇਗਾ।